ਭੈਰਉ ਬਾਣੀ ਨਾਮਦੇਉ ਜੀਉ ਕੀ ਘਰੁ੧ ੴ ਸਤਿਗੁਰ ਪ੍ਰਸਾਦਿ ॥ ਰੇ ਜਿਹਬਾ ਕਰਉ ਸਤ ਖੰਡ ॥ ਜਾਮਿ ਨ ਉਚਰਸਿ ਸ੍ਰੀ ਗੋਬਿੰਦ ॥੧॥ ਰੰਗੀ ਲੇ ਜਿਹਬਾ ਹਰਿ ਕੈ ਨਾਇ ॥ ਸੁਰੰਗ ਰੰਗੀਲੇ ਹਰਿ ਹਰਿ ਧਿਆਇ ॥੧॥ ਰਹਾਉ ॥ ਮਿਥਿਆ ਜਿਹਬਾ ਅਵਰੇਂ ਕਾਮ ॥ ਨਿਰਬਾਣ ਪਦੁ ਇਕੁ ਹਰਿ ਕੋ ਨਾਮੁ ॥੨॥ ਅਸੰਖ ਕੋਟਿ ਅਨ ਪੂਜਾ ਕਰੀ ॥ ਏਕ ਨ ਪੂਜਸਿ ਨਾਮੈ ਹਰੀ ॥੩॥ ਪ੍ਰਣਵੈ ਨਾਮਦੇਉ ਇਹੁ ਕਰਣਾ ॥ ਅਨੰਤ ਰੂਪ ਤੇਰੇ ਨਾਰਾਇਣਾ ॥੪॥੧॥ {ਪੰਨਾ 1163}

ਪਦਅਰਥ:- ਰੇ—ਹੇ ਭਾਈ! ਸਤ—ਸੌ। ਖੰਡ—ਟੋਟੇ। ਕਰਉ—ਮੈਂ ਕਰ ਦਿਆਂ। ਜਾਮਿ—ਜਦੋਂ।1।

ਰੰਗੀ ਲੇ—ਮੈਂ ਰੰਗ ਲਈ ਹੈ। ਨਾਇ—ਨਾਮ ਵਿਚ। ਸੁਰੰਗ—ਸੋਹਣੇ ਰੰਗ ਨਾਲ।1। ਰਹਾਉ।

ਮਿਥਿਆ—ਵਿਅਰਥ। ਨਿਰਬਾਣ—ਵਾਸ਼ਨਾ-ਰਹਿਤ।2।

ਅਨ ਪੂਜਾ—ਹੋਰ ਹੋਰ (ਦੇਵਤਿਆਂ ਦੀ) ਪੂਜਾ। ਨਾਮੈ—ਨਾਮ ਦੇ ਨਾਲ।3।

ਕਰਣਾ—ਕਰਨ-ਜੋਗ ਕੰਮ।4।

ਅਰਥ:- ਮੈਂ ਆਪਣੀ ਜੀਭ ਨੂੰ ਪਰਮਾਤਮਾ ਦੇ ਨਾਮ ਵਿਚ ਰੰਗ ਲਿਆ ਹੈ, ਪ੍ਰਭੂ ਦਾ ਨਾਮ ਸਿਮਰ ਸਿਮਰ ਕੇ ਮੈਂ ਇਸ ਨੂੰ ਸੋਹਣੇ ਰੰਗ ਵਿਚ ਰੰਗ ਲਿਆ ਹੈ।1। ਰਹਾਉ।

ਹੇ ਭਾਈ! ਜੇ ਹੁਣ ਕਦੇ ਮੇਰੀ ਜੀਭ ਪ੍ਰਭੂ ਦਾ ਨਾਮ ਨਾ ਜਪੇ ਤਾਂ ਮੈਂ ਇਸ ਦੇ ਸੌ ਟੋਟੇ ਕਰ ਦਿਆਂ (ਭਾਵ, ਮੇਰੀ ਜੀਭ ਇਸ ਤਰ੍ਹਾਂ ਨਾਮ ਦੇ ਰੰਗ ਵਿਚ ਰੰਗੀ ਗਈ ਹੈ ਕਿ ਮੈਨੂੰ ਹੁਣ ਯਕੀਨ ਹੈ ਇਹ ਕਦੇ ਨਾਮ ਨੂੰ ਨਹੀਂ ਵਿਸਾਰੇਗੀ)।1।

ਹੋਰ ਹੋਰ ਆਹਰਾਂ ਵਿਚ ਲੱਗੀ ਹੋਈ ਜੀਭ ਵਿਅਰਥ ਹੈ (ਕਿਉਂਕਿ) ਪਰਮਾਤਮਾ ਦਾ ਨਾਮ ਹੀ ਵਾਸ਼ਨਾ-ਰਹਿਤ ਅਵਸਥਾ ਪੈਦਾ ਕਰਦਾ ਹੈ (ਹੋਰ ਹੋਰ ਆਹਰ ਸਗੋਂ ਵਾਸ਼ਨਾ ਪੈਦਾ ਕਰਦੇ ਹਨ)।2।

ਜੇ ਮੈਂ ਕ੍ਰੋੜਾਂ ਅਸੰਖਾਂ ਹੋਰ ਹੋਰ (ਦੇਵਤਿਆਂ ਦੀ) ਪੂਜਾ ਕਰਾਂ, ਤਾਂ ਭੀ ਉਹ (ਸਾਰੀਆਂ ਮਿਲ ਕੇ) ਪਰਮਾਤਮਾ ਦੇ ਨਾਮ ਦੀ ਬਰਾਬਰੀ ਨਹੀਂ ਕਰ ਸਕਦੀਆਂ।3।

ਨਾਮਦੇਵ ਬੇਨਤੀ ਕਰਦਾ ਹੈ—(ਮੇਰੀ ਜੀਭ ਲਈ) ਇਹੀ ਕੰਮ ਕਰਨ-ਜੋਗ ਹੈ (ਕਿ ਪ੍ਰਭੂ ਦੇ ਗੁਣ ਗਾਏ ਤੇ ਆਖੇ—) 'ਹੇ ਨਾਰਾਇਣ! ਤੇਰੇ ਬੇਅੰਤ ਰੂਪ ਹਨ'।4।1।

ਸ਼ਬਦ ਦਾ ਭਾਵ—ਕੇਵਲ ਇਕ ਪਰਮਾਤਮਾ ਦਾ ਨਾਮ ਸਿਮਰੋ। ਹੋਰ ਕ੍ਰੋੜਾਂ ਦੇਵਤਿਆਂ ਦੀ ਪੂਜਾ ਪ੍ਰਭੂ-ਯਾਦ ਦੀ ਬਰਾਬਰੀ ਨਹੀਂ ਕਰ ਸਕਦੀ।